**ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ ਪੰਜਾਬ**
**ਐਸ.ਸੀ ਓ ਨੰ:- 104-106, ਦੂਸਰੀ ਮੰਜ਼ਿਲ, ਸੈਕਟਰ 34-ਏ, ਚੰਡੀਗੜ ਫ਼ੋਨ ਨੰ:0172- 2623207, 2620106**
**ਫੈਕਸ:0172-2624687** ਈ-ਮੇਲssapunjab@yahoo.com

ਵੱਲ

1.ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਐ.ਸਿ)/(ਸੈ.ਸਿ)
ਪੰਜਾਬ।

2. ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ(ਵੈੱਬ ਸਾਈਟ ਰਾਹੀਂ)

ਮੀਮੋ ਨੰ. ਡਿ.ਐਸ.ਪੀ.ਡੀ/ਐਸ.ਐਸ.ਏ/2010/ 29564-29603
ਮਿਤੀ ਚੰਡੀਗੜ੍ਹ : 17-03-2010

**ਵਿਸ਼ਾ:-** **ਪੰਜਵੀਂ ਦੀ 2009-10 ਦੀ ਸਾਲਾਨਾ ਪ੍ਰੀਖਿਆ ਦੇ ਸੰਚਾਲਨ ਸੰਬੰਧੀ ਹਦਾਇਤਾਂ।**

ਹਵਾਲਾ:- ਪੰਜਾਬ ਸਰਕਾਰ ਸਿੱਖਿਆ ਵਿਭਾਗ (ਸਿ-7 ਸ਼ਾਖਾ) ਦੇ ਮੀਮੋ ਨੰ:10/32/06-1 ਸਿ7/428-68, ਮਿਤੀ 19-01-2010 ਅਤੇ ਡਿ.ਐਸ.ਪੀ.ਡੀ/ਐਸ.ਐਸ.ਏ/2010/ 25683-25722 ਮਿਤੀ ਚੰਡੀਗੜ੍ਹ : 17-02-2010

1.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰਾਂ ਦੀ ਲਗਾਤਾਰਤਾ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਪੰਜਵੀਂ ਜਮਾਤ ਦੇ ਸਾਲਾਨਾ ਪ੍ਰੀਖਿਆ ਮਾਰਚ 2010 ਜੋ ਕਿ 18 ਮਾਰਚ 2010 ਤੋਂ 26 ਮਾਰਚ ਤੱਕ ਲਈ ਜਾਣੀ ਹੈ, ਨੂੰ ਸੁਚਾਰੂ ਰੂਪ ਵਿੱਚ ਚਲਾਉਣ ਹਿੱਤ ਬਲਾਕ ਪੱਧਰ ਅਤੇ ਜਿਲ੍ਹਾ ਪੱਧਰ ਤੇ ਬਣਾਏ ਨੋਡਲ ਅਫਸਰਾਂ ਨੂੰ ਮੁਸ਼ਤੈਦ ਰਹਿਣ ਦੇ ਆਦੇਸ਼ ਦਿੱਤੇ ਜਾਣ ਤਾਂ ਜੋ ਪ੍ਰੀਖਿਆ ਨਾਲ ਸੰਬੰਧਤ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਜਾਂ ਸਮੱਸਿਆ ਪੇਸ਼ ਆਉਣ ਤੇ ਮੌਕੇ ਤੇ ਪ੍ਰਬੰਧ ਕੀਤਾ ਜਾ ਸਕੇ।

2.0 ਜਿਲ੍ਹਾ ਸਿੱਖਿਆ ਅਫਸਰ(ਐ.ਸਿ)/(ਸੈ.ਸਿ) ਸੰਬੰਧਤ ਜਿਲ੍ਹੇ ਵਿੱਚ ਪੈਂਦੇ ਪ੍ਰੀਖਿਆ ਕੇਂਦਰਾਂ ਦੀ ਮੋਨੀਟਰਿੰਗ ਦੌਰਾਨ ਪ੍ਰੀਖਿਆ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਬੇਨਿਯਮੀ/ਕੁਤਾਹੀ ਸੰਬੰਧੀ ਨਿਰੀਖਣ ਕਰਨ ਤੋਂ ਇਲਾਵਾ ਵਿਦਿਆਰਥੀਆਂ ਨੂੰ ਪ੍ਰੀਖਿਆ ਲਈ ਸੁਖਾਵਾਂ ਮਾਹੌਲ ਪ੍ਰਦਾਨ ਕਰਨ ਲਈ ਰੋਸ਼ਨੀ, ਪਾਣੀ, ਬੈਠਣ ਅਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਵੀ ਲੈਣਗੇ ਅਤੇ ਕਿਸੇ ਤਰ੍ਹਾਂ ਦੀ ਘਾਟ ਮਹਿਸੂਸ ਕਰਨ ਉਪਰੰਤ ਸਕੂਲ ਮੁਖੀ ਤੋਂ ਲੋੜੀਂਦਾ ਪ੍ਰਬੰਧ ਕਰਵਾਏ ਜਾਣਾ ਯਕੀਨੀ ਬਣਾਇਆ ਜਾਵੇ।

3.0 ਪ੍ਰੀਖਿਆ ਸੰਬੰਧੀ ਪ੍ਰਸ਼ਨ ਪੱਤਰਾਂ ਦੇ ਪੈਕਟ/ਬੰਡਲ ਪ੍ਰੀਖਿਆ ਸ਼ੁਰੂ ਹੋਣ ਤੋਂ ਸਿਰਫ 15 ਮਿੰਟ ਪਹਿਲਾਂ ਹੀ ਖੋਲ੍ਹੇ ਜਾਣ ਅਤੇ ਨਿਗਰਾਨ ਅਮਲੇ ਦੇ ਹਸਤਾਖਰ ਪ੍ਰਸ਼ਨ ਪੱਤਰਾਂ ਦੇ ਲਿਫਾਫੇ ਤੇ ਕਰਵਾਏ ਜਾਣਾ ਯਕੀਨੀ ਬਣਾਇਆ ਜਾਵੇ।

4.0 ਨਕਲ ਸੰਬੰਧੀ ਪ੍ਰੀਖਿਆ ਕੇਂਦਰਾਂ ਦੀ ਪਵਿੱਤਰਤਾ ਕਾਇਮ ਰੱਖਣੀ ਯਕੀਨੀ ਬਣਾਈ ਜਾਵੇ ਅਤੇ ਜੇਕਰ ਇਸ ਸੰਬੰਧੀ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਹੈ ਤਾਂ ਸੰਬੰਧਤ ਸਕੂਲ ਮੁਖੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।

5.0 ਉੱਤਰ ਪੱਤਰੀਆਂ ਦਾ ਮੁਲਾਂਕਣ ਸਕੂਲ ਪੱਧਰ ਤੇ ਹੀ ਸੰਬੰਧਤ ਵਿਸ਼ੇ ਦੀ ਪ੍ਰੀਖਿਆ ਤੋਂ ਅਗਲੇ ਦਿਨ ਹੀ ਮੁਕੰਮਲ ਕਰਨਾ ਯਕੀਨੀ ਬਣਾਇਆ ਜਾ ਸਕੇ ਤਾਂ ਜੋ ਸਮੇਂ ਸਿਰ ਨਤੀਜਾ ਐਲਾਨਿਆ ਜਾ ਸਕੇ।ਉੱਤਰ ਪੱਤਰੀਆਂ ਦਾ ਮੁਲਾਂਕਣ ਹਰ ਹਾਲਤ ਵਿੱਚ ਮਿਤੀ 27-03-2010 ਤੱਕ ਮੁਕੰਮਲ ਕਰਨ ਉਪਰੰਤ ਨਤੀਜਾ ਤਿਆਰ ਕਰ ਲਿਆ ਜਾਵੇ ਤਾਂ ਜੋ ਮਿਤੀ 29-03-2010 ਨੂੰ ਨਤੀਜਾ ਘੋਸ਼ਿਤ ਕੀਤਾ ਜਾ ਸਕੇ।

6.0 ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

**ਸਟੇਟ ਪ੍ਰੋਜੈਕਟ ਡਾਇਰੈਕਟਰ-ਕਮ-**
**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ, ਚੰਡੀਗੜ੍ਹ।**